# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :11-05-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਸੰਕਟ ਦੌਰਾਨ ਰਾਸ਼ਟਰ ਨੂੰ ਮਜ਼ਬੂਤ ਕਰਨ ਵਿੱਚ ਦੇਸ਼ ਵਾਸੀਆਂ ਨੂੰ ਭਾਈਵਾਲ ਬਣਨ ਦਾ ਸੱਦਾ ਦਿੱਤਾ ਏ । ਕੱਲ੍ਹ ਹੈਦਰਾਬਾਦ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਰਾਸ਼ਟਰ ਨੂੰ ਸੱਤ ਅਪੀਲਾਂ ਕੀਤੀਆਂ। ਉਨ੍ਹਾਂ ਨੇ ਨਾਗਰਿਕਾਂ ਨੂੰ ਜਨਤਕ ਆਵਾਜਾਈ ਅਤੇ ਕਾਰਪੂਲਿੰਗ ਦੀ ਵਰਤੋਂ ਰਾਹੀਂ ਦਰਾਮਦ ਕੀਤੇ ਈਧਨ ਦੀ ਖਪਤ ਨੂੰ ਘਟਾ ਕੇ ਵਿਦੇਸ਼ੀ ਮੁਦਰਾ ਭੰਡਾਰ ਨੂੰ ਬਚਾਉਣ ਵਿੱਚ ਮਦਦ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਦੀ ਇਹ ਅਪੀਲ ਅਜਿਹੇ ਸਮੇਂ ਆਈ ਏ ਜਦੋਂ ਪੱਛਮੀ ਏਸ਼ੀਆ ਸੰਕਟ ਅਤੇ ਹੋਰਮੁਜ਼ ਪਣਜੋੜ ਵਿੱਚ ਚੱਲ ਰਹੀ ਰੁਕਾਵਟ ਕਾਰਨ ਪ੍ਰਤੀ ਬੈਰਲ ਕੱਚੇ ਤੇਲ ਦੀ ਕੀਮਤ 100 ਡਾਲਰ ਤੋਂ ਉੱਪਰ ਬਣੀ ਏ । ਕੱਚੇ ਤੇਲ ਦੀਆਂ ਕੀਮਤਾਂ ਪਿਛਲੇ ਮਹੀਨੇ ਦੇ ਅਖੀਰ ਵਿੱਚ 52-ਹਫ਼ਤਿਆਂ ਦੇ ਉੱਚ ਪੱਧਰ 'ਤੇ 126 ਡਾਲਰ ਪ੍ਰਤੀ ਬੈਰਲ ਦੇ ਪਹੁੰਚ ਗਈਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਨਾਗਰਿਕਾਂ ਨੂੰ ਇੱਕ ਸਾਲ ਲਈ

ਵਿਦੇਸ਼ ਯਾਤਰਾ ਨੂੰ ਮੁਲਤਵੀ ਕਰਨ ਜਿਹੇ ਵਿਵੇਕਸ਼ੀਲ ਖਰਚਿਆਂ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਨਾਗਰਿਕਾਂ ਨੂੰ ਇਕ ਸਾਲ ਲਈ ਵਿਦੇਸ਼ਾ ਵਿਚ ਵਿਆਹ ਪ੍ਰੋਗਰਾਮਾਂ ਤੇ ਖਰਚਿਆਂ ਨੂੰ ਘਟਾਉਣ ਅਤੇ ਸੋਨਾ ਨਾ ਖਰੀਦਣ ਦੀ ਵੀ ਅਪੀਲ ਕੀਤੀ । ਸ਼੍ਰੀ ਮੋਦੀ ਨੇ ਘਰ ਤੋਂ ਕੰਮ ਯਾਨੀ work from home ਕਰਨ ਦੇ ਤਰੀਕਿਆਂ ਨੂੰ ਦੁਬਾਰਾ ਸ਼ੁਰੂ ਕਰਨ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨਾਗਰਿਕਾਂ ਨੂੰ ਖਾਣ ਵਾਲੇ ਤੇਲ ਦੀ ਖਪਤ ਘਟਾਉਣ ਅਤੇ ਕਿਸਾਨਾਂ ਨੂੰ ਵਿਦੇਸ਼ਾਂ ਤੋਂ ਦਰਾਮਦ ਕੀਤੇ ਰਸਾਇਣਕ ਖਾਦਾਂ 'ਤੇ ਆਪਣੀ ਨਿਰਭਰਤਾ ਘਟਾਉਣ ਦੀ ਅਪੀਲ ਕੀਤੀ। "ਵੋਕਲ ਫਾਰ ਲੋਕਲ" ਅੰਦੋਲਨ ਦੀ ਸ਼ੁਰੂਆਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ 2047 ਤੱਕ ਵਿਕਸਤ ਭਾਰਤ ਦੇ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਭਾਰਤ ਲਈ ਆਤਮ ਨਿਰਭਰਤਾ ਅਤੇ ਜੈਵਿਕ ਖੇਤੀ ਜ਼ਰੂਰੀ ਏ ।

---------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ 10ਵੀਂ ਜਮਾਤ ਦਾ ਨਤੀਜਾ ਐਲਾਨ ਦਿੱਤਾ ਏ । ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਇਸ ਸਾਲ 2025-26 ਵਿਚ, 2 ਲੱਖ 69 ਹਜ਼ਾਰ 505 ਰੈਗੂਲਰ ਪ੍ਰੀਖਿਆਰਥੀਆਂ 'ਚੋਂ 2 ਲੱਖ 54 ਹਜ਼ਾਰ 744 ਪਾਸ ਹੋਏ ਅਤੇ ਪਾਸ

ਫ਼ੀਸਦ 94.52 ਫੀਸਦੀ ਰਹੀ। ਕੁੜੀਆਂ ਦੀ ਪਾਸ ਫ਼ੀਸਦ 95.96 ਅਤੇ ਮੁੰਡਿਆਂ ਦੀ ਪਾਸ ਫ਼ੀਸਦ 93.23 ਰਹੀ ਏ । ਪੰਜਾਬ ਵਿਚ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਬਾਰੇ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਦੱਸਿਆ....Byte...

---------------------------------------------------

ਸਕੂਲੀ ਸਿੱਖਿਆ ਵਿੱਚ ਇਤਿਹਾਸਕ ਮੀਲ ਪੱਥਰ ਸਥਾਪਤ ਕਰਦਿਆਂ ਪੰਜਾਬ ਨੇ ਦੇਸ਼ ਦੇ ਸਰਬੋਤਮ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਮਾਨਤਾ ਹਾਸਲ ਕੀਤੀ ਏ। ਨੀਤੀ ਆਯੋਗ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਨੇ ਸਕੂਲ ਸਿੱਖਿਆ ਦੇ ਅਹਿਮ ਬੁਨਿਆਦੀ ਸਿੱਖਿਆ ਮਾਪਦੰਡਾਂ ਵਿੱਚ ਭਾਰਤ ਦੀ ਲੰਬੇ ਸਮੇਂ ਤੋਂ ਅਗਵਾਈ ਕਰਨ ਵਾਲੇ ਕੇਰਲਮ ਨੂੰ ਪਛਾੜ ਦਿੱਤਾ ਏ। ਪ੍ਰਣਾਲੀਗਤ ਸੁਧਾਰਾਂ ਅਤੇ ਜ਼ਮੀਨੀ ਪੱਧਰ 'ਤੇ ਸਮਰਪਣ ਰਾਹੀਂ ਹਾਸਲ ਕੀਤੀ ਇਸ ਪ੍ਰਾਪਤੀ ਨੂੰ 'ਪੰਜਾਬ ਦੇ ਦੌਰ' ਦੀ ਸ਼ੁਰੂਆਤ ਦੱਸਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ "ਇਹ ਸਨਮਾਨ ਹਰ ਉਸ ਮਾਤਾ-ਪਿਤਾ, ਵਿਦਿਆਰਥੀ ਅਤੇ ਅਧਿਆਪਕ ਦਾ ਏ ਜਿਸ ਨੇ ਸਰਕਾਰੀ ਸਕੂਲਾਂ ਦਾ ਸਾਥ ਛੱਡਣ ਤੋਂ ਇਨਕਾਰ ਕਰ ਦਿੱਤਾ। ਇਹ ਇੱਕ ਦਿਨ ਵਿੱਚ ਹਾਸਲ ਕੀਤੀ ਉਪਲਬਧੀ ਨਹੀਂ ਏ ਬਲਕਿ ਇਹ ਬਿਹਤਰ

ਨੀਤੀ, ਇਰਾਦੇ ਅਤੇ ਅਮਲ ਦਾ ਸੁਮੇਲ ਏ, ਜਿਸ ਨਾਲ ਬਿਹਤਰ ਨਤੀਜੇ ਸਾਹਮਣੇ ਆਏ ਨੇ।" ਨੀਤੀ ਆਯੋਗ ਦੀ ਰਿਪੋਰਟ ਦੇ ਨਤੀਜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ "ਸੂਬੇ ਦੇ 99.9 ਫ਼ੀਸਦ ਸਰਕਾਰੀ ਸਕੂਲਾਂ ਵਿੱਚ ਹੁਣ ਬਿਜਲੀ ਉਪਲੱਬਧ ਏ, 99 ਫ਼ੀਸਦ ਸਕੂਲਾਂ ਵਿੱਚ ਕਾਰਜਸ਼ੀਲ ਕੰਪਿਊਟਰ ਉਪਲੱਬਧ ਨੇ ਅਤੇ 80 ਫ਼ੀਸਦ ਤੋਂ ਵੱਧ ਸਕੂਲ ਸਮਾਰਟ ਕਲਾਸਰੂਮਾਂ ਨਾਲ ਲੈਸ ਨੇ। ਇਸ ਤੋਂ ਇਲਾਵਾ, 10ਵੀਂ ਜਮਾਤ ਦੇ 90 ਫ਼ੀਸਦ ਤੋਂ ਵੱਧ ਵਿਦਿਆਰਥੀ ਹੁਣ 11ਵੀਂ ਜਮਾਤ ਵਿੱਚ ਦਾਖ਼ਲਾ ਲੈ ਰਹੇ ਨੇ। ਇਹ ਦਰ ਸਕੂਲ ਛੱਡਣ ਦੀ ਦਰ ਵਿੱਚ ਤੇਜ਼ੀ ਨਾਲ ਆ ਰਹੀ ਗਿਰਾਵਟ ਨੂੰ ਦਰਸਾਉਂਦੀ ਏ। ਵਿਦਿਆਰਥੀ ਅਧਿਆਪਕ ਅਨੁਪਾਤ ਵੀ 22:1 ਹੋ ਗਿਆ ਏ।"

---

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਦੇ ਤੀਜੇ ਪੜਾਅ ਦੌਰਾਨ ਪੰਜਾਬ ਵਿੱਚ 835 ਕਰੋੜ ਦੀ ਲਾਗਤ ਨਾਲ ਸੜਕਾਂ ਬਣਨਗੀਆਂ। ਉਨ੍ਹਾਂ ਦੱਸਿਆ ਕਿ ਇਹ ਸੜਕਾਂ ਪਿਛਲੇ ਸਾਲ ਬਣਨੀਆਂ ਸਨ, ਟੈਂਡਰ ਵੀ ਲੱਗ ਚੁੱਕੇ ਸਨ ਪਰ ਅਚਾਨਕ ਕੇਂਦਰ ਵੱਲੋਂ ਜਾਰੀ ਕੀਤੇ ਇੱਕ ਪੱਤਰ ਕਾਰਨ ਇਨ੍ਹਾਂ ਸੜਕਾਂ 'ਤੇ ਰੋਕ ਲੱਗ ਗਈ ਸੀ। ਹੁਣ ਇਹ ਰੋਕ ਹਟਾ ਦਿੱਤੀ ਗਈ ਏ।

ਸਾਰੇ ਦੇਸ਼ ਵਿੱਚ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ ਬਣਨ ਵਾਲੀਆਂ ਸੜਕਾਂ ਦੇ ਨਿਰਮਾਣ ਦੇ ਕੰਮਾਂ ਦੀ ਪ੍ਰਵਾਨਗੀ ਅਤੇ ਟੈਂਡਰ 72 ਦਿਨਾਂ ਵਿੱਚ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਨੇ ਤੇ ਨਾਲ ਹੀ ਇਹ ਹਦਾਇਤ ਵੀ ਕੀਤੀ ਗਈ ਕਿ ਇਹ ਕੰਮ ਕਿਸੇ ਵੀ ਸਥਿਤੀ ਵਿੱਚ 30 ਸਤੰਬਰ ਤੋਂ ਲੇਟ ਨਹੀਂ ਹੋਣੇ ਚਾਹੀਦੇ।

ਸੰਤ ਸੀਚੇਵਾਲ ਨੇ ਦੱਸਿਆ ਕਿ ਲੰਘੇ ਬੱਜਟ ਸੈਸ਼ਨ ਦੌਰਾਨ ਉਨ੍ਹਾਂ ਨੇ 12 ਮਾਰਚ ਨੂੰ ਪਾਰਲੀਮੈਂਟ ਵਿੱਚ ਇਹ ਮੁੱਦਾ ਉਠਾਇਆ ਸੀ।

ਉਨ੍ਹਾਂ ਕਿਹਾ ਕਿ ਸੜਕਾਂ ਅਸਲ ਵਿੱਚ ਜੀਵਨ ਰੇਖਾਵਾਂ ਵਾਂਗ ਹੁੰਦੀਆਂ ਨੇ। ਇਨ੍ਹਾਂ ਦੇ ਨਿਰਮਾਣ ਨਾਲ ਹੀ ਇਲਾਕੇ ਦੀ ਤਕਦੀਰ ਤੇ ਤਸਵੀਰ ਹੀ ਬਦਲ ਜਾਂਦੀ ਏ। ਇਸ ਲਈ ਸੰਪਰਕ ਸੜਕਾਂ ਦਾ ਨਿਰਮਾਣ ਬੇਹੱਦ ਜ਼ਰੂਰੀ ਤੇ ਅਹਿਮ ਹੁੰਦਾ ਏ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਹਨੇਰੀ-ਝੱਖੜ ਨਾਲ ਬਿਜਲੀ ਲਿਸ਼ਕਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ ਕੀਤਾ ਏ। ਇਸ ਸਮੇਂ ਦੌਰਾਨ, ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਏ। ਹਾਲਾਂਕਿ, ਅਗਲੇ 3-4 ਦਿਨਾਂ

ਦੌਰਾਨ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਵੱਡੀ ਤਬਦੀਲੀ ਆਉਣ ਦੀ ਸੰਭਾਵਨਾ ਨਹੀਂ ਏ। ਪਠਾਨਕੋਟ ਵਿੱਚ ਥੀਨ ਡੈਮ 'ਤੇ ਅੱਜ ਘਟੋਂ-ਘੱਟ ਤਾਪਮਾਨ 18.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂਕਿ ਫਰੀਦਕੋਟ 'ਚ ਬੀਤੇ 24 ਘੰਟਿਆਂ ਦੌਰਾਨ ਵੱਧ ਤੋਂ ਵੱਧ ਤਾਪਮਾਨ 42.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ।